# ਪ੍ਰੈਸ ਨੋਟ

## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾਂ ਤਹਿਤ ਸ਼ਰਧਾਲੂਆਂ ਦੀ 1 ਬੱਸ ਤਿਕਸ਼ਨ ਸੂਦ ਨੇ ਚਾਂਦ ਨਗਰ ਤੋਂ ਸ੍ਰੀ ਦਰਬਾਰ ਸਾਹਿਬ ਅਮ੍ਰਿਤਸਰ ਲਈ ਕੀਤੀ ਰਵਾਨਾ

ਹੁਸ਼ਿਆਰਪੁਰ 25 ਦਸੰਬਰ ਮੁੱਖ ਮੰਤਰੀ ਪੰਜਾਬ ਸਰਦਾਰ ਪ੍ਰਕਾਸ਼ ਸਿੰਘ ਬਾਦਲ ਵੱਲੋਂ ਸ਼ੁਰੂ ਕੀਤੀ ਗਈ ਮੁਫਤ ਤੀਰਥ ਯਾਤਰਾ ਯੋਜਨਾ ਵਿਚ ਸ਼ਰਧਾਲੂਆਂ ਵੱਲੋਂ ਧਾਰਮਿਕ ਸਥਾਨਾ ਦੇ ਦਰਸ਼ਨਾਂ ਲਈ ਬਹੁਤ ਉਤਸ਼ਾਹ ਪਾਇਆ ਜਾ ਰਿਹਾ ਹੈ। ਇਹ ਜਾਣਕਾਰੀ ਮੁੱਖ ਮੰਤਰੀ ਪੰਜਾਬ ਦੇ ਰਾਜਨੀਤੀਕ ਸਲਾਹਕਾਰ ਤਿਕਸ਼ਨ ਸੂਦ ਨੇ ਅੱਜ ਵਾਰਡ ਨੰ: 2 ਦੇ ਮੁਹੱਲਾ ਚਾਂਦ ਨਗਰ ਤੋਂ ਸ਼ਰਧਾਲੂਆਂ ਦੀ ਇੱਕ ਬੱਸ ਸ਼੍ਰੀ ਦਰਬਾਰ ਸਾਹਿਬ ਅਮ੍ਰਿਤਸਰ ਦੇ ਦਰਸ਼ਨਾਂ ਲਈ ਰਵਾਨਾ ਕਰਨ ਮੌਕੇ ਦਿੱਤੀ। ਉਹਨਾਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਵੱਲੋਂ ਮੁਫਤ ਤੀਰਥ ਯਾਤਰਾ ਯੋਜਨਾ ਤਹਿਤ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਦੇ ਸ਼ਰਧਾਲੂਆਂ ਨੂੰ ਵੱਖ-ਵੱਖ ਤੀਰਥ ਸਥਾਨਾਂ, ਸ੍ਰੀ ਹਜੂਰ ਸਾਹਿਬ, ਬਨਾਰਸ, ਸ੍ਰੀ ਆਨੰਦਪੁਰ ਸਾਹਿਬ, ਮਾਤਾ ਚਿੰਤਪੁਰਨੀ ਆਦਿ ਦੇ ਦਰਸ਼ਨ ਕਰਵਾਏ ਗਏ ਹਨ। ਇਸੇ ਲੜੀ ਵਿਚ ਅੱਜ ਸ੍ਰੀ ਦਰਬਾਰ ਸਾਹਿਬ ਅਮ੍ਰਿਤਸਰ ਲਈ ਸ਼ਰਧਾਲੂਆਂ ਦੀ ਇੱਕ ਬੱਸ ਨੂੰ ਰਵਾਨਾ ਕੀਤਾ ਗਿਆ ਹੈ।

ਇਸ ਮੌਕੇ ਤੇ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ, ਕੌਂਸਲਰ ਰਮੇਸ਼ ਕੁਮਾਰ ਠਾਕੁਰ, ਰਾਮਦੇਵ ਯਾਦਵ, ਦੀਪਮਾਲਾ, ਕਮਲੇਸ਼ ਕੁਮਾਰੀ, ਬਲਦੇਵ ਸਿੰਘ, ਸੁਰਿੰਦਰ ਕੁਮਾਰ, ਯਸ਼ਪਾਲ ਸ਼ਰਮਾ, ਸਤਿੰਦਰ ਨੰਨੂ, ਦੀਪ ਚੰਦ, ਬਖਸ਼ੋ ਦੇਵੀ ਅਤੇ ਸ਼ਰਧਾਲੂ ਵੱਡੀ ਗਿਣਤੀ ਵਿਚ ਹਾਜ਼ਰ ਸਨ।